# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 20:30

**ਮਿਤੀ : 05-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ Guy Parmelin ਵਿਚਕਾਰ ਅੱਜ ਨਵੀਂ ਦਿੱਲੀ ਵਿੱਚ, ਦੁਵੱਲੀ ਗੱਲਬਾਤ ਤੋਂ ਬਾਅਦ, ਦੋਵਾਂ ਦੇਸ਼ਾਂ ਵਿਚਕਾਰ ਪੰਜ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।

- ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਏ ਕਿ ਉਸਨੇ ਚੋਣ ਕਮਿਸ਼ਨ ਦੇ ਫਾਰਮ-6 ਵਿੱਚ ਕਿਸੇ ਵੀ ਬਦਲਾਅ ਨੂੰ ਮਨਜ਼ੂਰੀ ਨਹੀਂ ਦਿੱਤੀ।

- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਤਬਾਦਲਿਆਂ ਬਦਲੇ ਨਕਦੀ ਮਾਮਲੇ ਦੀ CBI ਜਾਂਚ ਦੇ ਹੁਕਮ ਦਿੱਤੇ ਨੇ।

- ਅਮਲੇ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਮੰਤਰੀ ਡਾ. ਜਿਤੇਂਦਰ ਸਿੰਘ ਨੇ ਪੈਨਸ਼ਨਰਾਂ ਦੇ ਜੀਵਨ ਨੂੰ ਸਰਲ ਬਣਾਉਣ ਅਤੇ ਉਨ੍ਹਾਂ ਦੀ ਭਲਾਈ ਲਈ, ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਏ।

- 2026 ਦਾ ਮੈਡੀਸਨ ਨੋਬਲ ਪੁਰਸਕਾਰ, ਤਿੰਨ ਵਿਗਿਆਨੀਆਂ - ਕਾਰਲ ਡਾਈਸੇਰੋਥ, ਪੀਟਰ ਹੇਗੇਮੈਨ ਅਤੇ ਜਾਰਜ ਨਾਗੇਲ ਨੂੰ ਸਾਂਝੇ ਤੌਰ 'ਤੇ ਦਿੱਤਾ ਗਿਆ ਏ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ Guy Parmelin ਵਿਚਕਾਰ ਅੱਜ ਨਵੀਂ ਦਿੱਲੀ ਵਿੱਚ, ਦੁਵੱਲੀ ਗੱਲਬਾਤ ਤੋਂ ਬਾਅਦ, ਦੋਵਾਂ ਦੇਸ਼ਾਂ ਵਿਚਕਾਰ ਪੰਜ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ। ਇਨ੍ਹਾਂ ਸਮਝੌਤਿਆਂ ਵਿੱਚ ਪ੍ਰਵਾਸ, ਨੌਜਵਾਨ ਪੇਸ਼ੇਵਰਾਂ ਦੇ ਆਦਾਨ-ਪ੍ਰਦਾਨ, ਆਵਾਜਾਈ, ਵਿਗਿਆਨ ਅਤੇ ਤਕਨਾਲੋਜੀ, ਨਵੀਨਤਾ ਅਤੇ ਉੱਦਮਤਾ ਵਰਗੇ ਖੇਤਰ ਸ਼ਾਮਲ ਨੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ, ਭਾਰਤ European ਮੁਕਤ ਵਪਾਰ Association, EFTA , ਵਪਾਰ ਅਤੇ ਆਰਥਿਕ ਭਾਈਵਾਲੀ ਸਮਝੌਤਾ, ਦੋਵਾਂ ਦੇਸ਼ਾਂ ਵਿਚਕਾਰ ਵਪਾਰ ਅਤੇ ਨਿਵੇਸ਼ ਨੂੰ ਵਧਾਏਗਾ।

**BYTE: PM ON EFTA**

ਪ੍ਰਧਾਨ ਮੰਤਰੀ ਨੇ ਕਿਹਾ ਕਿ ਦੋਵੇਂ ਦੇਸ਼ ਖੇਤੀਬਾੜੀ ਉਤਪਾਦਾਂ, ਦਵਾ ਖੇਤਰ, ਟੈਕਸਟਾਈਲ ਅਤੇ ਇੰਜੀਨੀਅਰਿੰਗ ਸਾਮਾਨ ਵਿੱਚ ਵਪਾਰ ਦਾ ਵਿਸਥਾਰ ਕਰਨਗੇ, ਨਾਲ ਹੀ ਬਾਇਓਟੈਕਨਾਲੋਜੀ, ਬੈਂਕਿੰਗ, ਬੀਮਾ ਅਤੇ ਫੂਡ ਪ੍ਰੋਸੈਸਿੰਗ ਵਰਗੇ ਖੇਤਰਾਂ ਵਿੱਚ ਨਿਵੇਸ਼ ਵਧਾਉਣਗੇ। ਦੋਵੇਂ ਦੇਸ਼ ਰੱਖਿਆ ਅਤੇ ਪ੍ਰਮਾਣੂ ਊਰਜਾ ਵਿੱਚ ਸਹਿਯੋਗ ਵਧਾਉਣ ਲਈ ਵੀ ਸਹਿਮਤ ਹੋਏ। ਰਾਸ਼ਟਰਪਤੀ ਗੀਗੀ ਪਹਿਲਮਨ, ਜੋ ਕਿ ਭਾਰਤ ਦੇ ਤਿੰਨ ਦਿਨਾਂ ਦੌਰੇ 'ਤੇ ਨੇ, ਦਾ ਅੱਜ ਨਵੀਂ ਦਿੱਲੀ ਵਿੱਚ ਰਸਮੀ ਤੌਰ 'ਤੇ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਰਾਜਘਾਟ ਦਾ ਦੌਰਾ ਕੀਤਾ ਅਤੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕੀਤੀ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਤਿੰਨ ਹਾਈ ਕੋਰਟਾਂ ਦੇ Chief Justices ਨੂੰ ਸੁਪਰੀਮ ਕੋਰਟ ਦੇ ਜੱਜ ਨਿਯੁਕਤ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਕਿਹਾ ਕਿ ਰਾਸ਼ਟਰਪਤੀ ਨੇ ਗੁਜਰਾਤ ਹਾਈ ਕੋਰਟ ਦੀ Chief Justice ਸੁਨੀਤਾ ਅਗਰਵਾਲ, ਦਿੱਲੀ ਹਾਈ ਕੋਰਟ ਦੇ Chief Justice ਦੇਵੇਂਦਰ ਕੁਮਾਰ ਉਪਾਧਿਆਏ ਅਤੇ ਤੇਲੰਗਾਨਾ ਹਾਈ ਕੋਰਟ ਦੇ Chief Justice ਅਪਰੇਸ਼ ਕੁਮਾਰ ਸਿੰਘ ਨੂੰ ਸੁਪਰੀਮ ਕੋਰਟ ਦੇ ਜੱਜ ਨਿਯੁਕਤ ਕੀਤਾ ਏ।

Judicial Officer ਗੁਰਵਿੰਦਰ ਪਾਲ ਸਿੰਘ ਨੂੰ, ਦਿੱਲੀ ਹਾਈ ਕੋਰਟ ਵਿੱਚ ਵਾਧੂ ਜੱਜ ਵਜੋਂ ਵੀ ਨਿਯੁਕਤ ਕੀਤਾ ਗਿਆ ਏ।

---

ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਏ ਕਿ ਉਸਨੇ ਚੋਣ ਕਮਿਸ਼ਨ ਦੇ ਫਾਰਮ-6 ਵਿੱਚ ਕਿਸੇ ਵੀ ਬਦਲਾਅ ਨੂੰ ਮਨਜ਼ੂਰੀ ਨਹੀਂ ਦਿੱਤੀ ਏ। ਚੀਫ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਇਸਦੀ ਪੁਸ਼ਟੀ ਕੀਤੀ ਏ। ਅਦਾਲਤ ਨੇ ਇਹ ਤੈਅ ਕਰਨ ਲਈ, ਬਦਲਾਅ ਨਾਲ ਸਬੰਧਤ ਦਸਤਾਵੇਜ਼ ਤਲਬ ਕੀਤੇ ਨੇ ਕਿ, ਇਹ ਬਦਲਾਅ ਕਿਸਨੇ ਕੀਤੇ ਨੇ। ਇਹ ਮਾਮਲਾ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (SIR) ਨਾਲ ਸਬੰਧਤ ਏ। ਜਨਹਿੱਤ ਅਰਜ਼ੀ 'ਚ ਫਾਰਮ SIX 'ਚ ਬਿਨੈਕਾਰ ਦੇ ਪੂਰਵਜਾ ਅਤੇ ਪਿਛਲੀ SIR ਨਾਲ ਸਬੰਧਤ, ਵੇਰਵੇ ਪ੍ਰਦਾਨ ਕਰਨ ਲਈ, ਫਾਰਮ 6 ਦੀ ਜ਼ਰੂਰਤ 'ਤੇ ਸਵਾਲ ਉਠਾਏ ਗਏ ਨੇ। ਪਟੀਸ਼ਨ ਵਿੱਚ ਚੋਣ ਕਮਿਸ਼ਨ ਦੇ ਸਾਫਟਵੇਅਰ ਵਿੱਚ ਬਦਲਾਅ ਦਾ ਵੀ ਇਲਜ਼ਾਮ ਲਗਾਇਆ ਗਿਆ ਏ। ਸੁਪਰੀਮ ਕੋਰਟ ਨੇ ਇਸ ਮਾਮਲੇ ਵਿੱਚ ਨੋਟਿਸ ਜਾਰੀ ਕੀਤੇ ਨੇ ਅਤੇ ਇਸਨੂੰ ਉਸੇ ਮੁੱਦੇ 'ਤੇ ਇੱਕ ਹੋਰ ਪਟੀਸ਼ਨ ਨਾਲ ਜੋੜਿਆ ਏ। ਚੋਣ ਕਮਿਸ਼ਨ ਨੇ ਪਹਿਲਾਂ ਕਿਹਾ ਸੀ ਕਿ, ਸੁਪਰੀਮ ਕੋਰਟ ਨੇ ਮਈ 2026 ਦੇ ਬਿਹਾਰ SIR ਮਾਮਲੇ ਵਿੱਚ ਫਾਰਮ 6 ਦੇ ਘੋਸ਼ਣਾ ਪੱਤਰ ਨੂੰ ਮਨਜ਼ੂਰੀ ਦਿੱਤੀ ਸੀ। ਸੁਪਰੀਮ ਕੋਰਟ ਨੇ ਹੁਣ ਸਪੱਸ਼ਟ ਕੀਤਾ ਏ ਕਿ, ਉਸਨੇ ਫਾਰਮ 6 ਵਿੱਚ ਬਦਲਾਅ ਨੂੰ, ਪ੍ਰਵਾਨਗੀ ਨਹੀਂ ਦਿੱਤੀ।

---------------------------------------------------

ਬੰਬੇ ਹਾਈ ਕੋਰਟ ਨੇ ਮਹਾਰਾਸ਼ਟਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਤਿੰਨ ਹਫ਼ਤਿਆਂ ਲਈ ਮੁਲਤਵੀ ਕਰ ਦਿੱਤੀ ਏ। ਸੁਣਵਾਈ ਦੌਰਾਨ, ਚੋਣ ਕਮਿਸ਼ਨ ਦੇ ਵਕੀਲ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਸਾਰੀਆਂ ਹਾਈ ਕੋਰਟਾਂ ਨੂੰ SIR ਨਾਲ ਸਬੰਧਤ ਹੋਰ ਮਾਮਲਿਆਂ ਦੀ ਸੁਣਵਾਈ ਨਾ ਕਰਨ ਦੇ ਨਿਰਦੇਸ਼ ਦਿੱਤੇ ਨੇ। ਇਸ ਤੋਂ ਬਾਅਦ, ਬੰਬੇ ਹਾਈ ਕੋਰਟ ਨੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ, ਸੁਣਵਾਈ ਮੁਲਤਵੀ ਕਰ ਦਿੱਤੀ। ਪਟੀਸ਼ਨ ਵਿੱਚ ਮਹਾਰਾਸ਼ਟਰ ਵਿੱਚ SIR ਲਾਗੂ ਕਰਨ ਦੇ ਫੈਸਲੇ, ਇਸਦੇ ਤਰਕ ਅਤੇ ਪ੍ਰਕਿਰਿਆ ਬਾਰੇ ਜਾਣਕਾਰੀ ਮੰਗੀ ਗਈ ਏ। ਪਟੀਸ਼ਨ ਵਿੱਚ ਇਹ ਵੀ ਚਿੰਤਾ ਪ੍ਰਗਟ ਕੀਤੀ ਗਈ ਏ ਕਿ SIR ਕਾਰਨ ਮਹਾਰਾਸ਼ਟਰ ਦੀਆਂ ਵੋਟਰ ਸੂਚੀਆਂ ਤੋਂ ਲਗਭਗ 2 ਕਰੋੜ 10 ਲੱਖ ਨਾਮ ਹਟਾਏ ਜਾ ਸਕਦੇ ਨੇ।

---------------------------------------------------

ਸਰਕਾਰ ਨੇ ਸੋਸ਼ਲ ਮੀਡੀਆ 'ਤੇ ਕੀਤੇ ਜਾ ਰਹੇ ਇਨ੍ਹਾਂ ਦਾਅਵਿਆਂ ਨੂੰ ਰੱਦ ਕੀਤਾ ਏ ਕਿ ਭਾਰਤੀ ਚੋਣ ਕਮਿਸ਼ਨ ਨੇ, ਪਿਛਲੇ ਮਹੀਨੇ ਦੀ 26 ਤਰੀਕ ਨੂੰ ਜਾਰੀ ਪ੍ਰੈਸ ਰਿਲੀਜ਼ ਨੂੰ, ਆਪਣੀ ਵੈੱਬਸਾਈਟ ਤੋਂ ਹਟਾ ਦਿੱਤਾ ਏ। ਪ੍ਰੈਸ ਇਨਫਰਮੇਸ਼ਨ ਬਿਊਰੋ ਦੀ ਫੈਕਟ ਚੈਕਿੰਗ ਯੂਨਿਟ ਨੇ ਸਪੱਸ਼ਟ ਕੀਤਾ ਏ ਕਿ, ਇਹ ਪ੍ਰੈਸ ਰਿਲੀਜ਼ ਉਪਲਬਧ ਏ ਅਤੇ ਚੋਣ ਕਮਿਸ਼ਨ ਨੇ ਇਸਨੂੰ ਨਹੀਂ ਹਟਾਇਆ ਏ।

---------------------------------------------------

ਭਾਰਤੀ ਜਨਤਾ ਪਾਰਟੀ ਨੇ ਉੱਤਰ ਪ੍ਰਦੇਸ਼ ਵਿੱਚ ਹੋਣ ਵਾਲੀਆਂ ਰਾਜ ਸਭਾ ਚੋਣਾਂ ਲਈ ਅੱਠ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਏ। ਪਾਰਟੀ ਦੀ ਕੇਂਦਰੀ ਚੋਣ ਕਮੇਟੀ ਨੇ ਧਰਮਪਾਲ ਸਿੰਘ, ਰਾਧਾਕਾਂਤ ਓਝਾ, ਪ੍ਰਕਾਸ਼ ਪਾਲ, ਵਿਦਿਆਸਾਗਰ ਸੋਨਕਰ, ਗੋਪੀ ਕ੍ਰਿਸ਼ਨ ਪਾਂਡੇ, ਪ੍ਰਿਅੰਕਾ ਸਿੰਘ ਰਾਵਤ, ਰਾਮ ਪ੍ਰਤਾਪ ਸਿੰਘ ਚੌਹਾਨ ਅਤੇ ਸ਼ਰੂਤੀ ਗੰਗਵਾਰ ਦੇ ਨਾਵਾਂ ਨੂੰ ਮਨਜ਼ੂਰੀ ਦੇ ਦਿੱਤੀ ਏ। ਨਾਮਜ਼ਦਗੀ ਦਾਖ਼ਲ ਕਰਨ ਦੀ ਕੱਲ੍ਹ ਆਖਰੀ ਤਰੀਕ ਏ।

ਉੱਤਰ ਪ੍ਰਦੇਸ਼, ਉੱਤਰਾਖੰਡ ਅਤੇ ਪੱਛਮੀ ਬੰਗਾਲ ਦੀਆਂ ਰਾਜ ਸਭਾ ਸੀਟਾਂ ਲਈ ਵੋਟਿੰਗ, 16 ਅਕਤੂਬਰ ਨੂੰ ਹੋਵੇਗੀ। ਇਨ੍ਹਾਂ ਵਿੱਚ ਉੱਤਰ ਪ੍ਰਦੇਸ਼ ਦੀਆਂ 10 ਅਤੇ ਉੱਤਰਾਖੰਡ ਦੀ ਇੱਕ ਸੀਟ ਸ਼ਾਮਲ ਏ। ਇਸਦੇ ਨਾਲ ਹੀ ਪੱਛਮੀ ਬੰਗਾਲ ਵਿੱਚ ਇੱਕ ਸੀਟ ਲਈ, ਜ਼ਿਮਨੀ ਚੋਣ ਵੀ ਹੋਵੇਗੀ।

---------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਤਬਾਦਲਿਆਂ ਬਦਲੇ ਨਕਦੀ ਮਾਮਲੇ ਦੀ CBI ਜਾਂਚ ਦੇ ਹੁਕਮ ਦਿੱਤੇ ਨੇ।

ਅਦਾਲਤ ਨੇ ਇਹ ਫੈਸਲਾ ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਮੁੱਖ ਮੰਤਰੀ ਦੇ OSD ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਤਬਾਦਲਿਆਂ ਬਦਲੇ ਨਕਦੀ ਦੇ ਇਲਜ਼ਾਮਾਂ ਤੋਂ ਬਾਅਦ ਲਿਆ ਏ।

ਇਸ ਤੋਂ ਪਹਿਲਾਂ, ਇਨਫੋਰਸਮੈਂਟ ਡਾਇਰੈਕਟੋਰੇਟ ਨੇ ਕਥਿਤ ਤੌਰ 'ਤੇ ਪੰਜਾਬ ਦੇ ਪੁਲਿਸ ਡਾਇਰੈਕਟਰ ਜਨਰਲ ਨੂੰ ਤਿੰਨ ਪੱਤਰ ਭੇਜੇ ਸਨ, ਜਿਨ੍ਹਾਂ ਵਿੱਚ FIR ਦਰਜ ਕਰਨ ਲਈ ਕਿਹਾ ਗਿਆ ਸੀ, ਪਰ ਰਾਜ ਪੁਲਿਸ ਨੇ ਕੋਈ ਕਾਰਵਾਈ ਨਹੀਂ ਕੀਤੀ।

ਇਸ ਦੌਰਾਨ ਬੀਜੇਪੀ ਨੇ ਇਲ੍ਜ਼ਾਮ ਲਾਇਆ ਏ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਅਧੀਨ ਪੰਜਾਬ ਵਿੱਚ ਕਾਨੂੰਨ ਵਿਵਸਥਾ ਵਿਗੜ ਗਈ ਏ ਅਤੇ ਭ੍ਰਿਸ਼ਟਾਚਾਰ ਫੈਲਿਆ ਹੋਇਆ ਏ। ਅੱਜ ਨਵੀਂ ਦਿੱਲੀ ਵਿੱਚ, ਪਾਰਟੀ ਸਦਰਮੁਕਾਮ ਵਿਖੇ ਇੱਕ ਪ੍ਰੈਸ ਕਾਨਫਰੰਸ ਵਿੱਚ ਬੋਲਦਿਆਂ ਪਾਰਟੀ ਦੇ ਬੁਲਾਰੇ ਸੰਬਿਤ ਪਾਤਰਾ ਨੇ ਦਾਅਵਾ ਕੀਤਾ ਕਿ ਪਿਛਲੇ 48 ਘੰਟਿਆਂ ਵਿੱਚ, ਚਾਰ ਕਤਲ ਹੋਏ ਨੇ. ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅੱਜ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨਾਲ ਜੁੜੇ ਵਿਅਕਤੀਆਂ ਵਿਰੁੱਧ ਭ੍ਰਿਸ਼ਟਾਚਾਰ ਦੇ ਇਲਜ਼ਾਮਾਂ ਦੀ ਜਾਂਚ ਦੇ ਹੁਕਮ ਦਿੱਤੇ ਨੇ –

**BYTE:-SAMBIT-PATRA-PUNJAB**

ਸੀਨੀਅਰ ਕਾਂਗਰਸ ਆਗੂ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਵੀ ਹਾਈ ਕੋਰਟ ਦੇ ਫੈਸਲੇ ਦਾ ਸਵਾਗਤ ਕੀਤਾ ਏ ਅਤੇ ਉਮੀਦ ਜਤਾਈ ਏ ਕਿ CBI ਇੱਕ ਨਿਰਪੱਖ, ਅਤੇ ਸਮਾਂਬੱਧ ਜਾਂਚ ਕਰੇਗੀ।

ਇਸ ਦੌਰਾਨ, ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹਾਈ ਕੋਰਟ ਦੇ ਫੈਸਲੇ ਦੀ ਕਾਨੂੰਨੀ ਤੌਰ 'ਤੇ ਸਮੀਖਿਆ

ਕਰਨ ਤੋਂ ਬਾਅਦ, ਪੰਜਾਬ ਸਰਕਾਰ ਸੁਪਰੀਮ ਕੋਰਟ ਤੱਕ ਪਹੁੰਚ ਕਰੇਗੀ।

----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਕੱਲ੍ਹ ਤੋਂ ਹਿਮਾਚਲ ਪ੍ਰਦੇਸ਼ ਦੇ ਤਿੰਨ ਦਿਨਾਂ ਦੌਰੇ 'ਤੇ ਹੋਣਗੇ। ਦੌਰੇ ਦੌਰਾਨ, ਉਹ ਬਿਲਾਸਪੁਰ ਦੇ ਏਮਜ਼ ਵਿਖੇ ਮੁੱਖ ਮਹਿਮਾਨ ਵਜੋਂ ਕਨਵੋਕੇਸ਼ਨ ਸਮਾਰੋਹ ਵਿੱਚ ਸ਼ਾਮਲ ਹੋਣਗੇ ਅਤੇ ਡਾਕਟਰਾਂ ਨੂੰ ਡਿਗਰੀਆਂ ਪ੍ਰਦਾਨ ਕਰਨਗੇ।

----------------------------------------------------------

ਅਮਲੇ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਮੰਤਰੀ ਡਾ. ਜਿਤੇਂਦਰ ਸਿੰਘ ਨੇ ਅੱਜ ਕਿਹਾ ਕਿ ਪ੍ਰਸ਼ਾਸਨ ਨੂੰ ਪੈਨਸ਼ਨਰਾਂ ਦੇ ਤਜ਼ਰਬਿਆਂ ਅਤੇ ਚੁਣੌਤੀਆਂ ਤੋਂ ਲਗਾਤਾਰ ਸਿੱਖਣਾ ਚਾਹੀਦਾ ਏ ਅਤੇ ਮੌਜੂਦਾ ਪ੍ਰਣਾਲੀ ਦੀਆਂ ਕਮੀਆਂ ਨੂੰ ਦੂਰ ਕਰਨ ਲਈ ਕੰਮ ਕਰਨਾ ਚਾਹੀਦਾ ਏ।
ਨਵੀਂ ਦਿੱਲੀ ਵਿੱਚ 17ਵੀਂ ਆਲ ਇੰਡੀਆ ਪੈਨਸ਼ਨ ਅਦਾਲਤ ਨੂੰ ਸੰਬੋਧਨ ਕਰਦਿਆਂ, ਸ਼੍ਰੀ ਸਿੰਘ ਨੇ ਪੈਨਸ਼ਨਰਾਂ ਦੇ ਜੀਵਨ ਨੂੰ ਸਰਲ ਬਣਾਉਣ ਅਤੇ ਉਨ੍ਹਾਂ ਦੀ ਭਲਾਈ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਤਕਨਾਲੋਜੀ ਅਤੇ ਡਿਜੀਟਲ ਤਬਦੀਲੀ ਦਾ ਉਦੇਸ਼, ਪੈਨਸ਼ਨਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਰਲ ਅਤੇ ਪਹੁੰਚਯੋਗ ਸੇਵਾਵਾਂ ਪ੍ਰਦਾਨ ਕਰਨਾ ਹੋਣਾ ਚਾਹੀਦਾ ਏ।

---

2026 ਦਾ ਮੈਡੀਸਨ ਨੋਬਲ ਪੁਰਸਕਾਰ, ਕਾਰਲ ਡਾਈਸੇਰੋਥ, ਪੀਟਰ ਹੇਗੇਮੈਨ ਅਤੇ ਜਾਰਜ ਨਾਗੇਲ ਨੂੰ ਦਿੱਤਾ ਗਿਆ ਏ। ਸਟਾਕਹੋਮ ਦੇ ਕੈਰੋਲਿੰਸਕਾ ਇੰਸਟੀਚਿਊਟ ਵਿਖੇ ਨੋਬਲ ਅਸੈਂਬਲੀ ਨੇ ਅੱਜ ਇਸਦਾ ਐਲਾਨ ਕੀਤਾ।
ਤਿੰਨਾਂ ਵਿਗਿਆਨੀਆਂ ਨੂੰ ਇਹ ਸਨਮਾਨ, optogenetics ਨਾਲ ਸਬੰਧਤ ਉਨ੍ਹਾਂ ਦੀਆਂ ਖੋਜਾਂ ਲਈ ਮਿਲਿਆ ਏ। ਇਸ ਤਕਨੀਕ ਰਾਹੀਂ, ਪ੍ਰਕਾਸ਼ ਦੀ ਮਦਦ ਨਾਲ ਦਿਮਾਗ ਦੇ ਤੰਤੂ ਸੈੱਲਾਂ ਨੂੰ ਕਿਰਿਆਸ਼ੀਲ ਜਾਂ ਬੰਦ ਕੀਤਾ ਜਾ ਸਕਦਾ ਏ।

---

ਚੰਡੀਗੜ੍ਹ ਸਥਿਤ ਭਾਰਤੀ ਮੌਸਮ ਵਿਭਾਗ ਨੇ ਕੱਲ੍ਹ 6 ਤੋਂ 8 ਅਕਤੂਬਰ ਤੱਕ ਚੰਡੀਗੜ੍ਹ ਤੋਂ ਇਲਾਵਾ ਪੰਜਾਬ ਦੇ ਕਈ ਜ਼ਿਲ੍ਹਿਆਂ ਅਤੇ ਹਰਿਆਣਾ ਦੇ ਕੁਝ ਜ਼ਿਲ੍ਹਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਦੇ ਨਾਲ ਗਰਜ ਅਤੇ ਬਿਜਲੀ ਲਿਸ਼ਕਣ ਦਾ ਯੇਲੋ ਅਲਰਟ ਜਾਰੀ ਕੀਤਾ ਏ ।
ਮੌਸਮ ਵਿਭਾਗ ਦੇ ਡਾਇਰੈਕਟਰ, ਸੁਰਿੰਦਰ ਪਾਲ ਨੇ ਆਕਾਸ਼ਵਾਣੀ ਨੂੰ ਦੱਸਿਆ –

**BYTE: SURENDRA PAAL**

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ Guy Parmelin ਵਿਚਕਾਰ ਅੱਜ ਨਵੀਂ ਦਿੱਲੀ ਵਿੱਚ, ਦੁਵੱਲੀ ਗੱਲਬਾਤ ਤੋਂ ਬਾਅਦ, ਦੋਵਾਂ ਦੇਸ਼ਾਂ ਵਿਚਕਾਰ ਪੰਜ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।

- ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਏ ਕਿ ਉਸਨੇ ਚੋਣ ਕਮਿਸ਼ਨ ਦੇ ਫਾਰਮ-6 ਵਿੱਚ ਕਿਸੇ ਵੀ ਬਦਲਾਅ ਨੂੰ ਮਨਜ਼ੂਰੀ ਨਹੀਂ ਦਿੱਤੀ।

- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨਾਲ ਸੰਬੰਧਿਤ ਕਥਿਤ ਭ੍ਰਿਸ਼ਟਾਚਾਰ ਅਤੇ ਤਬਾਦਲਿਆਂ ਬਦਲੇ ਨਕਦੀ ਮਾਮਲੇ ਦੀ CBI ਜਾਂਚ ਦੇ ਹੁਕਮ ਦਿੱਤੇ ਨੇ।

- ਅਮਲੇ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਮੰਤਰੀ ਡਾ. ਜਿਤੇਂਦਰ ਸਿੰਘ ਨੇ ਪੈਨਸ਼ਨਰਾਂ ਦੇ ਜੀਵਨ ਨੂੰ ਸਰਲ ਬਣਾਉਣ ਅਤੇ ਉਨ੍ਹਾਂ ਦੀ ਭਲਾਈ ਲਈ, ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਏ।

- 2026 ਦਾ ਮੈਡੀਸਨ ਨੋਬਲ ਪੁਰਸਕਾਰ, ਤਿੰਨ ਵਿਗਿਆਨੀਆਂ - ਕਾਰਲ ਡਾਈਸੇਰੋਥ, ਪੀਟਰ ਹੇਗੇਮੈਨ ਅਤੇ ਜਾਰਜ ਨਾਗੇਲ ਨੂੰ ਸਾਂਝੇ ਤੌਰ 'ਤੇ ਦਿੱਤਾ ਗਿਆ ਏ।

---------------------------------------------------

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!